# ਡੇਅਰੀ ਉੱਦਮ ਸਿਲਾਈ ਲਈ ਇੰਟਰਵਿਊ 18 ਨੂੰ

ਤਰਨਤਾਰਨ, 11 ਅਗਸਤ (      ) – ਪੰਜਾਬ ਡੇਅਰੀ ਵਿਕਾਸ ਬੋਰਡ ਵਿਭਾਗ ਵੱਲੋਂ 6 ਹਫਤੇ ਡੇਅਰੀ ਉੱਦਮ ਸਿਲਾਈ ਕੋਰਸ ਮਿਤੀ 28 ਅਗਸਤ ਤੋਂ 11 ਅਕਤੂਬਰ ਤੱਕ ਡੇਅਰੀ ਸਿਲਾਈ ਕੇਂਦਰ ਵੇਰਕਾ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਚਲਾਇਆ ਜਾਣਾ ਹੈ। ਚਾਹਵਾਨ ਡੇਅਰੀ ਫਾਰਮਰ ਜੋ ਘੱਟੋ ਘੱਟ 10ਵੀਂ ਪਾਸ ਹੋਣ, ਉਮਰ 18 ਤੋਂ 45 ਸਾਲ ਦਰਮਿਆਨ ਹੋਵੇ, ਪੇਂਡੂ ਖੇਤਰ ਨਾਲ ਸਬੰਧਤ ਹੋਣ ਅਤੇ ਪਹਿਲਾਂ ਘੱਟੋ ਘੱਟ 5 ਪਸ਼ੂ ਰੱਖੇ ਹੋਣ ਸਿਲਾਈ ਵਿਚ ਭਾਗ ਲੈ ਸਕਦੇ ਹਨ।

ਇਹ ਜਾਣਕਾਰੀ ਡਿਪਟੀ ਡਾਇਰੈਕਟਰ ਡੇਅਰੀ ਤਰਨਤਾਰਨ ਜੇਗਿੰਦਰ ਸਿੰਘ ਢਿੱਲੋਂ ਨੇ ਦਿੱਤੀ। ਉਨ੍ਹਾਂ ਦੱਸਿਆ ਕਿ ਡੇਅਰੀ ਫਾਰਮਾਂ ਨੂੰ ਕੁਸ਼ਲ ਡੇਅਰੀ ਮੈਨੇਜਰ ਬਣਾਉਣ ਲਈ ਵੱਖ-ਵੱਖ ਵਿਸ਼ਾ ਮਾਹਰਾਂ ਵੱਲੋਂ ਪਸ਼ੂਆਂ ਦੀ ਸਾਂਭ-ਸੰਭਾਲ, ਵੱਖ-ਵੱਖ ਬੀਮਾਰੀਆਂ, ਮੰਨਸੂਹੀ ਗਰਭਦਾਨ, ਦੁੱਧ ਤੋਂ ਦੁੱਧ ਪਦਾਰਥ ਤਿਆਰ ਕਰਨ ਅਤੇ ਪ੍ਰੈਕਟੀਕਲ ਸਿਖਲਾਈ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਸਿਖਲਾਈ ਦੌਰਾਨ ਮਾਡਲ ਕੈਟਲ ਸ਼ੈਡਾ ਦੀ ਉਸਾਰੀ ਦੁੱਧ ਚੁਆਈ ਮਸ਼ੀਨਾ ਅਤੇ ਡੇਅਰੀ ਦੇ ਧੰਦੇ ਦਾ ਮੁਕੰਮਲ ਮਸ਼ੀਨੀ ਕਰਨ ਲਈ ਲੋੜੀਂਦਾ ਤਕਨੀਕਾ ਅਤੇ ਸਬਸੀਡੀਆ ਬਾਰੇ ਵੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਜਾਵੇਗੀ।

ਜੋਗਿੰਦਰ ਸਿੰਘ ਢਿੱਲੋਂ ਨੇ ਦੱਸਿਆ ਕਿ ਇੰਟਰਵਿਊ 18 ਅਗਸਤ ਨੂੰ ਸਵੇਰੇ 10 ਵਜੇ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ ਨੇੜੇ ਮਿਲਕ ਪਲਾਂਟ ਵੇਰਕਾ ਅੰਮ੍ਰਿਤਸਰ ਵਿਖੇ ਰੱਖੀ ਗਈ ਹੈ। 18 ਅਗਸਤ ਤੋਂ ਪਹਿਲਾਂ ਕਿਸੇ ਵੀ ਕੰਮ ਵਾਲੇ ਦਿਨ ਦਫ਼ਤਰ ਡੇਅਰੀ ਵਿਕਾਸ ਅਫ਼ਸਰ ਤਰਨਤਾਰਨ ਵਿਖੇ ਹਾਜ਼ਰ ਹੋ ਕੇ ਪ੍ਰਾਸਪੈਕਟ (ਫਾਰਮ) ਹਾਸਲ ਕੀਤੇ ਜਾ ਸਕਦੇ ਹਨ। ਚੁਣੇ  ਹੋਏ ਸਿਖਿਆਰਥੀ ਜਨਰਲ ਕੈਟਾਗਰੀ ਲਈ ਫੀਸ 5000 ਅਤੇ ਅਨੁਸੂਚਿਤ ਜਾਤੀ ਲਈ 4000 ਰੁਪਏ ਰੱਖੀ ਗਈ ਹੈ।